ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ
ਕੰਪਃਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜਃ8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰਃ ਟਰਾਂਸਫਰਸੈੱਲ/2025666102/5 ਮਿਤੀਃਐਸ.ਏ.ਐਸ ਨਗਰਃ 04-08-2025

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰਃ 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿੱ), ਪੰਜਾਬ ਦੇ ਮੀਮੋ ਨੰ ਃ SSA/HR/Transfer/ 2020/118750, ਮਿਤੀ 22-05-2020 ਰਾਹੀਂ ਬਦਲੀ ਦੀ ਪਾਲਿਸੀ ਜਾਰੀ ਕੀਤੀ ਗਈ ਸੀ।

2.0 ਸਾਲ 2025 ਦੌਰਾਨ ਵਿਭਾਗ ਦੇ ਮੀਮੋ ਨੰਃ ਟਰਾਂਸਫਰਸੈੱਲ/2025666102/1, ਮਿਤੀ 06-06-2025, ਮੀਮੋ ਨੰਃ ਟਰਾਂਸਫਰਸੈੱਲ/2024666102/3, ਮਿਤੀ 20-06-2025 ਅਤੇ ਮੀਮੋ ਨੰਃ ਟਰਾਂਸਫਰਸੈੱਲ/2024666102/4, ਮਿਤੀ 07-07-2025 ਰਾਹੀਂ ਜਾਰੀ ਜਨਤਕ ਸੂਚਨਾ ਰਾਹੀਂ ਜੋ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਅਤੇ ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ., ਏ.ਆਈ.ਈ, ਐਸ.ਟੀ.ਆਰ. ਵਲੰਟੀਅਰਜ, ਆਈ.ਈ. ਵਲੰਟੀਅਰਜ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ, ਉਨਾਂ ਤੋਂ ਬਦਲੀ ਆਨਲਾਈਨ ਬੇਨਤੀਆਂ ਮਿਤੀ 13.06.2025/21.06.2025/10.07.2025 ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵੱਲੋਂ ਈਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record ਭਰੇ ਗਏ ਹਨ।

3.0 ਦਰਖਾਸਤਕਰਤਾਵਾਂ ਵੱਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ, ਉਸਦੀ ਤਸਦੀਕ ਡੀਡੀਓ ਵੱਲੋਂ ਮਿਤੀ 18-06-2025/22.06.2025/11.07.2025 ਤੱਕ ਕੀਤੀ ਗਈ ਸੀ।

4.0 ਵਿਭਾਗ ਵੱਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ Station Choice ਮਿਤੀ 05-08-2025 ਤੋਂ 06-08-2025 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਭਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਭਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

5.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

6.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਭਧ ਹੈ।

HK 04.08.2025

ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ),ਪੰਜਾਬ

234